# ਦਫਤਰ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਮੈਜਿਸਟਰੇਟ, ਫਰੀਦਕੋਟ।
## (ਫੁੱਟਕਲ ਸ਼ਾਖਾ)

ਹੁਕਮ ਨੰਬਰ 436 /ਫਸ

ਇਸ ਦਫਤਰ ਵੱਲੋਂ ਹੁਕਮ ਨੰਬਰ 212/ਫਸ ਮਿਤੀ 23.03.2020, ਜੋ ਕਿ ਪਿ.ਅੰ.ਨੰਬਰ 1587/ਫਸ ਮਿਤੀ 23.03.2020 ਰਾਹੀਂ ਕੋਰੋਨਾ ਵਾਇਰਸ ਦੇ ਬਚਾਅ ਲਈ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ।

ਜਿਵੇਂ ਕਿ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗ੍ਰੜ ਵੱਲੋ ਮੀਮੋ ਨੰ: SS/ACSH/2020/337 dated 29.04.2020 ਰਾਂਹੀ ਜਾਰੀ ਹਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਦਫਤਰ ਦੇ ਹੁਕਮ ਨੰ:421/ਫਸ ਮਿਤੀ 06.05.2020 ਜੋ ਪਿੱ:ਅੰ:ਨੰ:2563/ਫਸ ਮਿਤੀ 06.05.2020 ਰਾਂਹੀ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਕਰਫਿਊ ਦੌਰਾਨ ਵੱਖ-ਵੱਖ ਕੈਟਾਗਰੀਜ਼ ਨੂੰ ਜ਼ੋਨਵਾਈਜ਼ ਦੁਕਾਨਾਂ ਖੋਲਣ ਵਾਸਤੇ ਸਵੇਰੇ 07.00 ਵਜੇ ਤੋ ਬਾਅਦ ਦੁਪਹਿਰ 03.00 ਵਜੇ ਤੱਕ ਖੋਲਣ ਦੀ ਪ੍ਰਵਾਨਗੀ ਦਿੱਤੀ ਗਈ ਸੀ।

ਹੁਣ ਬੁੱਕ ਸ਼ੇਲਰਜ਼ ਯੂਨੀਅਨ, ਫਰੀਦਕੋਟ ਦੀ ਦਰਖਾਸਤ ਨੂੰ ਵਿਚਾਰਨ ਉਪਰੰਤ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਸਟੇਸ਼ਨਰੀ ਸਟੋਰ ਅਤੇ ਕਿਤਾਬਾਂ ਦੀਆਂ ਦੁਕਾਨਾਂ ਨੂੰ ਸੋਮਵਾਰ ਤੋ ਸ਼ਨੀਵਾਰ ਤੱਕ ਸਵੇਰੇ 07.00 ਵਜੇ ਤੋ ਬਾਅਦ ਦੁਪਹਿਰ 03.00 ਵਜੇ ਤੱਕ (ਹਰੇਕ ਏਰੀਆਂ ਵਿੱਚ) ਖੋਲਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

ਅਜਿਹਾ ਕਰਦੇ ਸਮੇਂ ਇਹਨਾਂ ਦੁਕਾਨਾਂ ਦੇ ਮਾਲਕ ਕੋਰੋਨਾ ਵਾਈਰਸ ਦੀ ਰੋਕਥਾਮ ਲਈ ਭਾਰਤ ਸਰਕਾਰ/ਪੰਜਾਬ ਸਰਕਾਰ ਅਤੇ ਇਸ ਦਫ਼ਤਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਨਾਉਣਗੇ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਦੀਆਂ ਸਬੰਧਤ ਧਾਰਵਾਂ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਹੁਕਮ ਅੱਜ ਮਿਤੀ 13-05-2020 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਅਤੇ ਦਫ਼ਤਰ ਦੀ ਮੋਹਰ ਹੇਠ ਜਾਰੀ ਕੀਤਾ ਗਿਆ।

ਇਹ ਹੁਕਮ ਕਰਫਿਊ/ਲਾਕਡਾਊਨ ਦੌਰਾਨ ਲਾਗੂ ਰਹਿਣਗੇ।

ਮਿਤੀ 13.05.2020

District Magistrate FARIDKOT

(ਕੁਮਾਰ ਸੌਰਭ ਰਾਜ),ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ, ਫਰੀਦਕੋਟ।

ਪਿੱ:ਅੰ:ਨੰ: 2695 /ਫਸ-ਫਕ-2 ਮਿਤੀ 13-05-2020

ਉਪਰੋਕਤ ਦਾ ਉਤਾਰਾ:-

1) ਪ੍ਰਿੰਸੀਪਲ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
2) ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ
3) ਸੀਨੀਅਰ ਕਪਤਾਨ ਪੁਲਿਸ, ਫਰੀਦਕੋਟ
4) ਵਧੀਕ ਡਿਪਟੀ ਕਮਿਸ਼ਨਰ (ਜ) ਅਤੇ (ਵਿਕਾਸ), ਫਰੀਦਕੋਟ
5) ਉਪ ਮੰਡਲ ਮੈਜਿਸਟਰੇਟ, ਫਰੀਦਕੋਟ/ਕੋਟਕਪੂਰਾ ਅਤੇ ਜੈਤੋ
6) ਸਿਵਲ ਸਰਜਨ, ਫਰੀਦਕੋਟ
7) ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਰੀਦਕੋਟ
8) ਤਹਿਸੀਲਦਾਰ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ
9) ਬੀ.ਡੀ.ਪੀ.ਓ., ਫਰੀਦਕੋਟ, ਕੋਟਕਪੂਰਾ ਅਤੇ ਜੈਤ

ਪਾਸ ਸੂਚਨਾ ਅਤੇ ਉਕਤ ਹੁਕਮਾਂ ਦੀ ਪਾਲਣਾ ਕਰਨ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਫਰੀਦਕੋਟ।

Scanned by CamScanner